# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਚੌਥੀ ਮੰਜ਼ਿਲ, ਫੇਜ - 8, ਸ.ਅ.ਸ. ਨਗਰ**

**(ਕੋਆਰਡੀਨੇਸ਼ਨ ਸ਼ਾਖਾ)**

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ),
ਪੰਜਾਬ ਰਾਜ ਵਿੱਚ।

ਮੀਮੋ ਨੰ. 312446/20223/1670
ਮਿਤੀਃ 29-11-2022

**ਵਿਸ਼ਾ:-** **ਸਕੂਲ ਸਿੱਖਿਆ ਵਿਭਾਗ ਵਿੱਚ ਤਾਇਨਾਤ ਅਧਿਆਪਕਾਂ ਵੱਲੋਂ ਰਾਜਨੀਤਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਸਬੰਧੀ।**

**ਹਵਾਲਾਃ-** ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿੱਖਿਆ-6 ਸ਼ਾਖਾ) ਦੇ ਪੱਤਰ ਨੰ. SED-EDU6011/188/2022-5EDU6/1/438037/5 ਮਿਤੀ 04.10.2022 ਦੇ ਸਬੰਧ ਵਿੱਚ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਸਕੂਲ ਸਿੱਖਿਆ ਵਿਭਾਗ ਵਿੱਚ ਤਾਇਨਾਤ ਕੁਝ ਅਧਿਆਪਕਾਂ ਵੱਲੋਂ ਉਹਨਾਂ ਦੁਆਰਾ ਪੜ੍ਹਾਏ ਜਾਂਦੇ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਅੱਖੋਂ-ਪਰੋਖੇ ਕਰਦੇ ਹੋਏ ਰਾਜਨੀਤਿਕ ਗਤੀਵਿਧੀਆਂ ਵਿੱਚ ਹਿੱਸਾ ਲਿਆ ਜਾ ਰਿਹਾ ਹੈ। ਅਧਿਆਪਕਾਂ ਦਾ ਅਜਿਹਾ ਕਰਨਾ ਜਿੱਥੇ The Government Employee (Conduct) Rules 1966 ਦੀ ਉਲੰਘਣਾ ਹੈ, ਉੱਥੇ ਹੀ ਅਧਿਆਪਕਾਂ ਦੇ ਅਜਿਹਾ ਕਰਨ ਨਾਲ ਉਹਨਾਂ ਦੁਆਰਾ ਪੜ੍ਹਾਏ ਜਾਂਦੇ ਵਿਦਿਆਰਥੀਆਂ ਦੀ ਪੜ੍ਹਾਈ ਤੇ ਮਾੜਾ ਪ੍ਰਭਾਵ ਪੈਂਦਾ ਹੈ।

2.0 ਉਪਰੋਕਤ ਸਥਿਤੀ ਦੇ ਸਨਮੁੱਖ ਆਪ ਨੂੰ ਲਿਖਿਆ ਜਾਂਦਾ ਹੈ ਕਿ ਜੇਕਰ ਆਪ ਦੇ ਧਿਆਨ ਵਿੱਚ ਅਜਿਹਾ ਕੋਈ ਕੇਸ ਆਉਂਦਾ ਹੈ ਤਾਂ ਸਬੰਧਤ ਅਧਿਆਪਕ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਕਰਨ ਲਈ ਰਿਪੋਰਟ ਤੁਰੰਤ ਮੁੱਖ ਦਫਤਰ ਦੇ ਧਿਆਨ ਵਿੱਚ ਲਿਆਉਣੀ ਯਕੀਨੀ ਬਣਾਈ ਜਾਵੇ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

29.11.22

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱਠ ਅੰਕਣ ਨੰ. ਉਕਤ/20223/1675 ਮਿਤੀ, ਸਅਸ ਨਗਰਃ 29-11-2022

ਉਪਰੋਕਤ ਦਾ ਉਤਾਰਾ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸਿੱਖਿਆ-6 ਸ਼ਾਖਾ) ਨੂੰ ਉਹਨਾਂ ਦੇ ਉਕਤ ਹਵਾਲਾ ਅਧੀਨ ਪੱਤਰ ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

29.11.22

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)